# ਪੰਜਾਬ ਸਟੇਟ ਮਿਡ ਡੇ ਮੀਲ ਸੋਸਾਇਟੀ

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਪੰਜਵੀਂ ਮੰਜਿਲ, ਜਿਲ੍ਹਾ ਐਸਏ.ਐਸ. ਨਗਰ (ਮੋਹਾਲੀ).

ਫੋਨ ਨੰ :0172-5212307,2210019

E-mail-id-mdmpunjab@punjabeducation.gov.in

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)

ਸਮੂਹ ਸਕੂਲ ਮੁੱਖੀ (ਵੈਬਸਾਇਟ ਰਾਹੀਂ)

ਮੀਮੋ ਨੰ.ਐਮ.ਡੀ.ਐਮ.ਐਸ./ਜੀ.ਐਮ./2024/120197

ਮਿਤੀ 16/05/2024

**ਵਿਸ਼ਾ:- ਸਕੂਲਾਂ ਵਿੱਚ ਦੁਪਹਿਰ ਦਾ ਭੋਜਨ ਹਫਤਾਵਾਰੀ ਮੀਨੂੰ ਅਨੁਸਾਰ ਦੇਣ ਸਬੰਧੀ।**

ਹਵਾਲਾ:- ਅਖ਼ਬਾਰ ਵਿੱਚ ਪ੍ਰਕਾਸ਼ਿਤ ਖ਼ਬਰ ਦੇ ਸਬੰਧ ਵਿੱਚ (ਕਾਪੀ ਨੱਥੀ)

ਉਕਤ ਖ਼ਬਰ ਅਨੁਸਾਰ ਦਫਤਰ ਦੇ ਧਿਆਨ ਵਿੱਚ ਆਇਆ ਹੈ ਕਿ ਸਕੂਲਾਂ ਵਿੱਚ ਦੁਪਹਿਰ ਦਾ ਭੋਜਨ ਨਿਰਧਾਰਤ ਮੀਨੂੰ ਅਨੁਸਾਰ ਨਹੀਂ ਬਣਾਇਆ ਜਾ ਰਿਹਾ, ਵਿਦਿਆਰਥੀਆਂ ਦੀ ਹਾਜਰੀ ਸਮੇਂ ਸਿਰ ਅਤੇ ਐਪ ਵਿੱਚ ਦਰਜ ਨਹੀਂ ਕੀਤੀ ਜਾ ਰਹੀ, ਜਿਸ ਦੇ ਨਤੀਜੇ ਵਜੋਂ ਖਦਸਾ ਰਹਿੰਦਾ ਹੈ ਕਿ ਵਿਦਿਆਰਥੀਆਂ ਦੀ ਹਾਜਰੀ ਵਿੱਚ ਹੇਰ-ਫੇਰ ਹੋ ਸਕਦਾ ਹੈ, ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੁਨਿਸਚਿਤ ਕੀਤਾ ਜਾਵੇ ਕਿ ਵਿਦਿਆਰਥੀਆਂ ਦੀ ਹਾਜਰੀ ਮੁਤਾਬਕ ਨਿਰਧਾਰਤ ਹਫਤਾਵਾਰੀ ਮੀਨੂੰ ਅਨੁਸਾਰ ਹੀ ਮਿਡ ਡੇ ਮੀਲ ਵਿਦਿਆਰਥੀਆਂ ਨੂੰ ਦਿੱਤਾ ਜਾਵੇ।

2.0 ਜਿਲ੍ਹਾ ਅਤੇ ਬਲਾਕ ਦਫਤਰਾਂ ਅਧੀਨ ਕੰਮ ਕਰਦੇ ਅਧਿਕਾਰੀਆਂ ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਆਉਂਦੇ ਸਕੂਲਾਂ ਦੀ ਅਚਨਚੇਤ ਚੈਕਿੰਗ ਕਰਕੇ ਮਹੀਨਾਵਾਰ ਰਿਪੋਰਟ ਟਿੱਪਣੀ ਸਮੇਤ ਮੁੱਖ ਦਫਤਰ ਨੂੰ ਭੇਜਣੀ ਯਕੀਨੀ ਬਣਾਈ ਜਾਵੇ।

3.0 ਚੈਕਿੰਗ ਦੌਰਾਨ ਜੇਕਰ ਕਿਸੇ ਸਕੂਲ ਵਿੱਚ ਹਦਾਇਤਾਂ ਦੀ ਉਲੰਘਣਾ ਪਾਈ ਗਈ ਤਾਂ ਉਸਦੀ ਨਿਰੋਲ ਜਿੰਮੇਵਾਰੀ ਸਕੂਲ ਮੁੱਖੀ/ਮਿਡ ਡੇ ਮੀਲ ਇੰਚਾਰਜ ਦੀ ਹੋਵੇਗੀ।

**ਜਨਰਲ ਮੈਨੇਜਰ**

**ਪਿੱ.ਅੰ.ਨੰ.ਐਮ.ਡੀ.ਐਮ.ਐਸ./ਜੀ.ਐਮ./2024/120198** **ਮਿਤੀ 15 /05/2024**

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਸਮੂਹ ਉੱਪ ਜਿਲ੍ਹਾ ਸਿੱਖਿਆ ਅਫਸਰ (ਐ.ਸਿ.)
2) ਸਮੂਹ ਸਹਾਇਕ ਬਲਾਕ ਮੈਨੇਜਰ/ਮਿਡ ਡੇ ਮੀਲ ਇੰਚਾਰਜ

**ਜਨਰਲ ਮੈਨੇਜਰ**

# ਸਕੂਲਾਂ 'ਚ ਬੱਚਿਆਂ ਨੂੰ ਮਿਡ-ਡੇ-ਮੀਲ ਹਫਤਾਵਾਰੀ ਮੀਨੂੰ ਅਨੁਸਾਰ ਦੇਣ ਦੀ ਮੰਗ

## * ਚੰਦ ਛਿੱਲੜਾਂ ਦੀ ਖਾਤਰ ਬੱਚੇ ਪੌਸ਼ਟਿਕ ਭੋਜਨ ਤੋਂ ਰੱਖੇ ਜਾਂਦੇ ਨੇ ਵਾਂਝੇ



ਵੇਰਕਾ (ਹਰਬਿੰਦਰ ਸਿੰਘ ਰਾਣਾ)-ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਜਾਰੀ ਕੀਤੇ ਗਏ ਹਫਤਾਵਾਰੀ ਮੀਨੂੰ ਅਨੁਸਾਰ ਕੁਝ ਇਕ ਸਕੂਲਾਂ ਵੱਲੋਂ ਮਿੱਡ-ਡੇ-ਮੀਲ ਖਾਣਾ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਨੂੰ ਨਜ਼ਰਅੰਦਾਜ਼ ਕਰਦੇ ਹੋਏ ਆਪਣੀ ਮਨਮਰਜ਼ੀ ਮੁਤਾਬਿਕ ਮਿੱਡ-ਡੇ-ਮੀਲ ਖਾਣਾ ਖੁਆਇਆ ਜਾਂਦਾ ਹੈ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਗਰੀਬ ਤੇ ਲੋੜਵੰਦ ਵਿਦਿਆਰਥੀਆਂ ਨਾਲ ਕੁਦਰਤੀ ਨਿਆਂ ਵਜੋਂ ਵੀ ਬੜਾ ਗਲਤ ਹੈ। ਇਸ ਸੰਬੰਧੀ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜ਼ਿਲਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ, ਪ੍ਰਿੰ. ਜਗਤਾਰ ਸਿੰਘ ਮਜੀਠਾ, ਲੈਕਚਰਾਰ ਮੁਖਤਿਆਰ ਸਿੰਘ ਸਹੋਤਾ ਅਤੇ ਸੂਬਾਈ ਪ੍ਰੈਸ ਸਕੱਤਰ ਹਰਬਿੰਦਰ ਸਿੰਘ ਰਾਣਾ (ਖੁਸੀਪੁਰ) ਨੇ ਰਾਜ ਦੇ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਕਾਰ, ਮਾਨਯੋਗ ਪ੍ਰਬੰਧਕੀ ਸਿੱਖਿਆ ਸਕੱਤਰ ਪੰਜਾਬ ਸਰਕਾਰ ਚੰਡੀਗੜ੍ਹ, ਜਨਰਲ ਮੈਨੇਜਰ ਪੰਜਾਬ ਮਿੱਡ-ਡੇ-ਮੀਲ ਸੋਸਾਇਟੀ ਅਜੀਤਗੜ੍ਹ, ਜ਼ਿਲਾ ਮੈਜਿਸਟ੍ਰੇਟ ਅੰਮ੍ਰਿਤਸਰ ਅਤੇ ਜ਼ਿਲਾ ਸਿੱਖਿਆ ਅਫਸਰ (ਐਲੀ./ਸੈ.) ਅੰਮ੍ਰਿਤਸਰ ਪਾਸੋਂ ਪੰਜਾਬ ਸਟੇਟ ਮਿੱਡ-ਡੇ-ਮੀਲ ਸੋਸਾਇਟੀ ਅਜੀਤਗੜ੍ਹ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਵਿੱਚ ਦਰਸਾਏ ਗਏ ਹਫਤਾਵਾਰੀ ਮੀਨੂੰ ਅਨੁਸਾਰ ਹੀ ਬੱਚਿਆਂ ਨੂੰ ਮਿੱਡ-ਡੇ-ਮੀਲ ਖਾਣਾ ਦਿੱਤੇ ਜਾਣ ਦੀ ਮੰਗ ਕੀਤੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਮਿੱਡ-ਡੇ-ਮੀਲ ਸੋਸਾਇਟੀ ਅਜੀਤਗੜ੍ਹ ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ/ਮਿੱਡ-ਡੇ-ਮੀਲ ਮੀਨੂੰ ਮੁਤਾਬਿਕ ਕ੍ਰਮਵਾਰ ਸੋਮਵਾਰ ਦਾਲ (ਮੌਸਮੀ ਸਬਜ਼ੀਆਂ ਮਿਲਾ ਕੇ) ਅਤੇ ਰੋਟੀ, ਮੰਗਲਵਾਰ ਰਾਜਮਾਂਹ ਅਤੇ ਚਾਵਲ, ਬੁੱਧਵਾਰ ਕਾਲੇ ਚਨੇ/ਚਿੱਟੇ ਚਨੇ (ਆਲੂ ਮਿਲਾ ਕੇ) ਅਤੇ ਪੂਰੀ/ਰੋਟੀ, ਵੀਰਵਾਰ ਕੜ੍ਹੀ (ਆਲੂ ਅਤੇ ਪਿਆਜ਼ ਦੇ ਪਕੌੜਿਆਂ ਸਮੇਤ) ਅਤੇ ਚਾਵਲ, ਸ਼ੁੱਕਰਵਾਰ ਮੌਸਮੀ ਸਬਜ਼ੀ ਅਤੇ ਰੋਟੀ, ਸ਼ਨੀਵਾਰ ਦਾਲ (ਮੌਸਮੀ ਸਬਜ਼ੀਆਂ ਮਿਲਾ ਕੇ) ਅਤੇ ਚਾਵਲ ਅਤੇ ਮੌਸਮੀ ਫਲ, ਇਸ ਤੋਂ ਇਲਾਵਾ ਸਕੂਲਾਂ ਵਿੱਚ ਹਫਤੇ ਦੌਰਾਨ ਕਿਸੇ ਵੀ ਦਿਨ ਮਿੱਡ-ਡੇ-ਮੀਲ ਦੇ ਖਾਣੇ ਨਾਲ ਸਵੀਟਡਿਸ਼ ਦੇ ਤੌਰ 'ਤੇ ਖੀਰ ਦਿੱਤੀ ਜਾਣੀ ਹੈ। ਇਹ ਮੀਨੂੰ 1 ਮਈ 2024 ਤੋਂ 31 ਮਈ 2024 ਤੱਕ ਲਾਗੂ ਕੀਤਾ ਗਿਆ ਹੈ।

ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਹੈ। ਪ੍ਰੰਤੂ ਉਨ੍ਹਾਂ ਕਿਹਾ ਕਿ ਕੁਝ ਇਕ ਸਕੂਲ ਮੁਖੀਆਂ ਵੱਲੋਂ ਚੰਦ ਛਿੱਲੜਾਂ ਦੀ ਖਾਤਰ ਬੱਚਿਆਂ ਨੂੰ ਸਰਕਾਰ ਦੇ ਅਨੁਸਾਰ ਪੌਸ਼ਟਿਕ ਅਹਾਰ ਨਾ ਮੁਹੱਈਆ ਕਰਵਾ ਕੇ ਉਪਰੋਕਤ ਨਿਯਮਾਂ ਦੀ ਸ਼ਰੇਆਮ ਉਲੰਘਣਾ ਕੀਤੀ ਜਾ ਰਹੀ ਹੈ। ਇੱਥੇ ਹੀ ਬੱਸ ਨਹੀਂ, ਕਈ ਸਕੂਲ ਤਾਂ ਬੱਚਿਆਂ ਦੀ ਬੋਗਸ/ਜਾਅਲੀ ਹਾਜ਼ਰੀ ਦਿਖਾ ਕੇ ਚੋਖੀ ਲੁੱਟ ਕਰਦੇ ਹਨ।

ਇਸ ਬਾਬਤ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਉਕਤ ਜਥੇਬੰਦਕ ਆਗੂਆਂ ਨੇ ਬੱਚਿਆਂ ਦੇ ਹੁੰਦੇ ਸ਼ੋਸ਼ਣ ਨੂੰ ਤੁਰੰਤ ਠੱਲ੍ਹ ਪਾਉਣ ਅਤੇ ਸਰਕਾਰ ਦੇ ਨਿਯਮਾਂ ਅਨੁਸਾਰ ਉਨ੍ਹਾਂ ਨੂੰ ਪੌਸ਼ਟਿਕ ਭੋਜਨ ਮਿਲੇ, ਯਕੀਨਨ ਕਰਨ ਦੀ ਮੰਗ ਕੀਤੀ ਹੈ।